pstcl
PUNJAB STATE TRANSMISSION CORPORATION LIMITED

ਪੰਜਾਬ ਸਟੇਟ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮਟਿਡ
ਰਜਿ: ਦਫ਼ਤਰ: ਪੀ.ਐਸ.ਈ.ਬੀ.,ਹੈਡ ਆਫਿਸ, ਦੀ ਮਾਲ, ਪਟਿਆਲਾ-147001, ਪੰਜਾਬ, ਭਾਰਤ
ਦਫ: ਉੱਪ ਮੁੱਖ ਇੰਜੀ:/ ਐਚ ਆਰ ਅਤੇ ਪ੍ਰਬੰਧਕੀ ਸੰਸਥਾ, ਸ਼ਕਤੀ ਸਦਨ ਪਟਿਆਲਾ
ਫੈਕਸ ਨੰ:- 0175 -2220054 ਟੈਲੀਫੂਨ ਨੰ:-0175-2370693 ਵੈਬਸਾਇਟ : pstcl.org

ਵੱਲ

1. ਮੁੱਖ ਇੰਜੀ:/ਪੀ ਤੇ ਐਮ, ਪੀ.ਐਸ.ਟੀ.ਸੀ.ਐਲ, ਲੁਧਿਆਣਾ।
2. ਉੱਪ ਸਕੱਤਰ/ਅਮਲਾ, ਪੀ.ਐਸ.ਟੀ.ਸੀ.ਐਲ, ਪਟਿਆਲਾ।
3. ਸੀਨੀ:ਕਾ:ਕਾ:ਇੰਜੀ:/ਅੱਸਟੇਟ ਤੇ ਪ੍ਰਬੰਧਕੀ, ਪੀ.ਐਸ.ਟੀ.ਸੀ.ਐਲ, ਪਟਿਆਲਾ।

ਮੀਮੋ ਨੰ: 7639/41 Sen./Lineman/28 ਮਿਤੀ: 22/7/24

ਵਿਸ਼ਾ:- ਲਾਈਨਮੈਨ ਕਰਮਚਾਰੀਆਂ ਦੀ ਮਿਤੀ 01.09.2018 ਤੋਂ **30.06.2023** ਤੱਕ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਨੂੰ ਅੰਤਿਮ ਸੀਨੀਆਰਤਾ ਸੂਚੀ ਘੋਸ਼ਿਤ ਕਰਨ ਸਬੰਧੀ।

ਉਪਰੋਕਤ ਦੇ ਸਬੰਧ ਵਿੱਚ ਇਸ ਦਫ਼ਤਰ ਵੱਲੋਂ ਮੀਮੋ ਨੰ: 5919/21 ਮਿਤੀ 13.06.2024 ਦੀ ਟੈਨਟੇਟਿਵ ਸੀਨੀਆਰਤਾ ਸੂਚੀ ਪੀ.ਐਸ.ਟੀ.ਸੀ.ਐਲ ਦੀ ਵੈਬਸਾਈਟ pstcl.org ਤੇ ਉਪਲੱਬਧ ਲਿੰਕ information>seniority list ਤੇ ਅਪਲੋਡ ਕਰਦੇ ਹੋਏ ਬੇਨਤੀ ਕੀਤੀ ਗਈ ਸੀ ਕਿ ਇਸ ਟੈਨਟੇਟਿਵ ਸੀਨੀਆਰਤਾ ਸੂਚੀ ਵਿੱਚ ਦਰਸਾਏ ਕਰਮਚਾਰੀਆਂ ਦੇ ਸੇਵਾ ਵੇਰਵੇ ਅਤੇ ਅਜ਼ਮਾਇਸ਼ੀ ਸਮੇਂ ਦੌਰਾਨ ਅਨੁਸ਼ਾਸਨੀ ਕੇਸਾਂ/ਕੰਮ ਅਤੇ ਵਿਵਹਾਰ ਸਬੰਧੀ ਰਿਪੋਰਟ ਆਪਣੇ ਪੱਧਰ ਤੇ ਤਸਦੀਕ ਕਰਦੇ ਹੋਏ ਜੇਕਰ ਕਿਸੇ ਕਰਮਚਾਰੀ ਸਬੰਧੀ ਕੋਈ ਕੇਸ/ਰਿਪੋਰਟ ਦਰਜ/ਪੈਂਡਿੰਗ ਹੈ ਤਾਂ ਸੂਚੀ ਜਾਰੀ ਹੋਣ ਤੋਂ 1 ਮਹੀਨੇ ਦੇ ਅੰਦਰ-ਅੰਦਰ ਇਸ ਦਫ਼ਤਰ ਨੂੰ ਸੂਚਿਤ ਕੀਤਾ ਜਾਵੇ। ਇਸ ਤੋਂ ਇਲਾਵਾ ਇਹ ਵੀ ਲਿਖਿਆ ਗਿਆ ਸੀ ਕਿ ਇਹ ਟੈਨਟੇਟਿਵ ਸੀਨੀਆਰਤਾ ਸੂਚੀ ਲਾਈਨਮੈਨ ਕਰਮਚਾਰੀਆਂ ਤੋਂ ਨੋਟ ਕਰਵਾ ਲਈ ਜਾਵੇ। ਜੇਕਰ ਕੋਈ ਕਰਮਚਾਰੀ ਇਹ ਅਨੁਭਵ ਕਰੇ ਕਿ ਉਸ ਨੂੰ ਸਹੀ ਸੀਨੀਆਰਤਾ ਨੰਬਰ ਅਲਾਟ ਨਹੀਂ ਕੀਤਾ ਗਿਆ ਜਾਂ ਕਿਸੇ ਕਰਮਚਾਰੀ ਦੇ ਸੇਵਾ ਵੇਰਵੇ ਗਲਤ ਹੋਣ ਤਾਂ ਉਹ ਇਸ ਸਬੰਧੀ ਆਪਣੀ ਪ੍ਰਤੀਬੇਨਤੀ, ਸੂਚੀ ਜਾਰੀ ਹੋਣ ਦੀ ਮਿਤੀ ਤੋ 1 ਮਹੀਨੇ ਦੇ ਅੰਦਰ-ਅੰਦਰ ਸਬੰਧਤ ਦਫ਼ਤਰ ਰਾਹੀਂ ਇਸ ਦਫ਼ਤਰ ਭੇਜੇ ਜਾਣ।

ਇਸ ਸਬੰਧੀ ਇਸ ਦਫਤਰ ਵਿਖੇ ਹੁਣ ਤੱਕ ਕੋਈ ਇਤਰਾਜ ਪ੍ਰਾਪਤ ਨਹੀਂ ਹੋਏ ਹਨ, ਇਸ ਲਈ ਇਸ ਦਫਤਰ ਵੱਲੋਂ ਪਹਿਲਾਂ ਜਾਰੀ ਕੀਤੀ ਲਾਈਨਮੈਨ ਕਰਮਚਾਰੀਆਂ ਦੀ ਟੈਨਟੇਟਿਵ ਸੀਨੀਆਰਤਾ ਸੂਚੀ ਨੂੰ ਹੇਠ ਲਿਖੀਆਂ ਸ਼ਰਤਾਂ ਅਨੁਸਾਰ ਅੰਤਿਮ ਸੀਨੀਆਰਤਾ ਸੂਚੀ ਘੋਸ਼ਿਤ ਕੀਤਾ ਜਾਂਦਾ ਹੈ:-

(1) ਇਸ ਸੀਨੀਆਰਤਾ ਸੂਚੀ ਤੇ ਕੋਰਟ ਕੇਸਾਂ/ਵਿਭਾਗੀ ਪੜਤਾਲ ਦੇ ਫੈਸਲੇ, ਜੇ ਕਰ ਕੋਈ ਹੋਣ, ਤਾਂ ਇੰਨ-ਬਿੰਨ ਲਾਗੂ ਹੋਣ ਯੋਗ ਹੋਣਗੇ।

(2) ਜੇਕਰ ਕਿਸੇ ਵੀ ਕਰਮਚਾਰੀ ਨੂੰ ਡੀਮ ਤਰੱਕੀ/ਜੂਨੀਅਰ ਕਰਮਚਾਰੀ ਤੋਂ ਉੱਪਰ ਸੀਨੀਆਰਤਾ ਦੀ ਬਹਾਲੀ ਹੁੰਦੀ ਹੈ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

(3) ਜੇਕਰ ਕਿਸੇ ਵੀ ਕਰਮਚਾਰੀ ਵੱਲੋਂ ਉਸ ਦਾ ਪਰਖ ਕਾਲ ਸਮਾਂ ਤੱਸਲੀ ਬਖਸ਼ ਪੂਰਾ ਨਹੀਂ ਕੀਤਾ ਜਾਂਦਾ ਤਾਂ ਉਸ ਮੁਤਾਬਿਕ ਇਸ ਸੀਨੀਆਰਤਾ ਸੂਚੀ ਵਿੱਚ ਸੋਧ ਕਰਨ ਯੋਗ ਹੋਵੇਗੀ।

ਨੱਥੀ/ ਲਾਈਨਮੈਨ ਦੀ
ਅੰਤਿਮ ਸੀਨੀਆਰਤਾ ਸੂਚੀ।

22/7/24

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

Scanned with OKEN Scanner

ਲਾਈਨਮੈਨ ਕਰਮਚਾਰੀ ਦੀ ਅੰਤਿਮ ਸੀਨੀਆਰਤਾ ਸੂਚੀ (ਸਮਾਂ ਮਿਤੀ 01.09.2018 ਤੋਂ **30.06.2023** ਤੱਕ)

| ਕਰਮਚਾਰੀ/ਪਿਤਾ ਦਾ ਨਾਮ (ਸਰਵ/ਸ਼੍ਰੀ) | ਆਈ.ਡੀ.ਨੰ: | ਸੀਨੀ ਨੰ: | ਜਨਮ ਦੀ ਮਿਤੀ | PSTCL ਵਿੱਚ ਹਾਜ਼ਰ ਹੋਣ ਦੀ ਮਿਤੀ | ਮੌਜੂਦਾ ਅਸਾਮੀ ਤੇ ਲੱਗਣ ਦੀ ਮਿਤੀ | ਸ਼੍ਰੇਣੀ |
|---|---|---|---|---|---|---|
| ਨਵਤੇਜ ਸਿੰਘ/ ਹਰਮਿੰਦਰ ਸਿੰਘ | 605087 | 120 | 26.12.89 | 14.08.17 | 13.06.23 | ਜਨਰਲ |

ਵਧੀਕ ਨਿਗ:ਇੰਜੀ:/ਟ੍ਰੇਨਿੰਗ ਸੈੱਲ,
ਪੀਐਸਟੀਸੀਐਲ,ਪਟਿਆਲਾ

Scanned with OKEN Scanner